ਭੈਰਉ ਮਹਲਾ ੫ ॥ ਨਿਕਟਿ ਬੁਝੈ ਸੋ ਬੁਰਾ ਕਿਉ ਕਰੈ ॥ ਬਿਖੁ ਸੰਚੈ ਨਿਤ ਡਰਤਾ ਫਿਰੈ ॥ ਹੈ ਨਿਕਟੇ ਅਰੁ ਭੇਦੁ ਨ ਪਾਇਆ ॥ ਬਿਨੁ ਸਤਿਗੁਰ ਸਭ ਮੋਹੀ ਮਾਇਆ ॥ ੧॥ ਨੇੜੈ ਨੇੜੈ ਸਭੁ ਕੋ ਕਹੈ ॥ ਗੁਰਮੁਖਿ ਭੇਦੁ ਵਿਰਲਾ ਕੋ ਲਹੈ ॥੧॥ ਰਹਾਉ ॥ ਨਿਕਟਿ ਨ ਦੇਖੈ ਪਰ ਗ੍ਰਿਹਿ ਜਾਇ ॥ ਦਰਬੁ ਹਿਰੈ ਮਿਥਿਆ ਕਰਿ ਖਾਇ ॥ ਪਈ ਠਗਉਰੀ ਹਰਿ ਸੰਗਿ ਨ ਜਾਨਿਆ ॥ ਬਾਝੁ ਗੁਰੂ ਹੈ ਭਰਮਿ ਭੁਲਾਨਿਆ ॥੨॥ ਨਿਕਟਿ ਨ ਜਾਨੈ ਬੋਲੈ ਕੂੜੁ ॥ ਮਾਇਆ ਮੋਹਿ ਮੂਠਾ ਹੈ ਮੂੜੁ ॥ ਅੰਤਰਿ ਵਸਤੁ ਦਿਸੰਤਰਿ ਜਾਇ ॥ ਬਾਝੁ ਗੁਰੂ ਹੈ ਭਰਮਿ ਭੁਲਾਇ ॥੩॥ ਜਿਸੁ ਮਸਤਕਿ ਕਰਮੁ ਲਿਖਿਆ ਲਿਲਾਟ ॥ ਸਤਿਗੁਰੁ ਸੇਵੇ ਖੁਲ੍ਹੇ ਕਪਾਟ ॥ ਅੰਤਰਿ ਬਾਹਰਿ ਨਿਕਟੇ ਸੋਇ ॥ ਜਨ ਨਾਨਕ ਆਵੈ ਨ ਜਾਵੈ ਕੋਇ ॥ ੪॥੩॥੧੬॥
{ਪੰਨਾ 1139}

ਪਦਅਰਥ:- ਨਿਕਟਿ—(ਆਪਣੇ) ਨੇੜੇ (ਵੱਸਦਾ)। ਬੁਝੈ—(ਜਿਹੜਾ ਮਨੁੱਖ) ਸਮਝਦਾ ਹੈ। ਕਿਉ ਕਰੈ—ਨਹੀਂ ਕਰ ਸਕਦਾ। ਬਿਖੁ—ਜ਼ਹਰ, ਆਤਮਕ ਮੌਤ ਲਿਆਉਣ ਵਾਲੀ ਮਾਇਆ। ਸੰਚੈ—ਇਕੱਠੀ ਕਰਦਾ ਹੈ। ਨਿਕਟੇ—ਨੇੜੇ ਹੀ। ਅਰੁ—ਅਤੇ, ਪਰ। ਸਭ—ਸਾਰੀ ਲੁਕਾਈ।1।

ਸਭੁ ਕੋ—ਹਰੇਕ ਪ੍ਰਾਣੀ। ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ। ਲਹੈ—ਲੱਭਦਾ ਹੈ।1। ਰਹਾਉ।

ਪਰ ਗ੍ਰਿਹਿ—ਪਰਾਏ ਘਰ ਵਿਚ। ਜਾਇ—ਜਾਂਦਾ ਹੈ। ਦਰਬੁ—ਧਨ। ਹਿਰੈ—ਚੁਰਾਂਦਾ ਹੈ। ਮਿਥਿਆ—ਨਾਸਵੰਤ। ਮਿਥਿਆ ਕਰਿ—ਇਹ ਆਖ ਆਖ ਕੇ ਭੀ ਕਿ ਸਭ ਕੁਝ ਨਾਸਵੰਤ ਹੈ। ਠਗਉਰੀ—ਠਗ-ਮੂਰੀ, ਠਗ-ਬੂਟੀ, ਧਤੂਰਾ, ਸੂਝ-ਬੂਝ ਮੁਕਾ ਦੇਣ ਵਾਲੀ ਬੂਟੀ। ਸੰਗਿ—(ਆਪਣੇ) ਨਾਲ। ਭਰਮਿ—ਭਟਕਣਾ ਵਿਚ (ਪੈ ਕੇ)। ਭੁਲਾਨਿਆ—ਕੁਰਾਹੇ ਪਿਆ ਰਹਿੰਦਾ ਹੈ।2।

ਕੂੜੁ—ਝੂਠ। ਮੋਹਿ—ਮੋਹ ਵਿਚ। ਮੂਠਾ ਹੈ—ਠੱਗਿਆ ਜਾ ਰਿਹਾ ਹੈ। ਮੂੜੁ—ਮੂਰਖ ਮਨੁੱਖ {ਇਕ-ਵਚਨ}। ਅੰਤਰਿ—ਅੰਦਰ। ਦਿਸੰਤਰਿ—ਦੇਸ ਅੰਤਰਿ, ਹੋਰ ਦੇਸ਼ ਵਿਚ, ਬਾਹਰ।3।

ਮਸਤਕਿ—ਮੱਥੇ ਉਤੇ। ਕਰਮੁ—ਬਖ਼ਸ਼ਸ਼, ਪਰਮਾਤਮਾ ਦੀ ਮਿਹਰ (ਦਾ ਲੇਖ)। ਲਿਲਾਟ—ਮੱਥੇ (ਉਤੇ)। ਸੇਵੇ—ਸਰਨ ਪੈਂਦਾ ਹੈ। ਕਪਾਟ—ਕਵਾੜ, ਬੰਦ ਹੋਏ ਹੋਏ ਭਿੱਤ। ਸੋਇ—ਉਹ (ਪਰਮਾਤਮਾ) ਹੀ। ਜਨ ਨਾਨਕ—ਹੇ ਦਾਸ ਨਾਨਕ! ਕੋਇ—(ਪਰਮਾਤਮਾ ਤੋਂ ਬਿਨਾ) ਕੋਈ (ਹੋਰ)।4।

ਅਰਥ:- ਹੇ ਭਾਈ! (ਆਖਣ ਨੂੰ ਤਾਂ) ਹਰੇਕ ਪ੍ਰਾਣੀ (ਇਹ) ਆਖ ਦੇਂਦਾ ਹੈ (ਕਿ ਪਰਮਾਤਮਾ ਸਭ ਦੇ) ਨੇੜੇ ਹੈ (ਸਭ ਦੇ) ਨੇੜੇ ਹੈ। ਪਰ ਕੋਈ ਵਿਰਲਾ ਮਨੁੱਖ ਗੁਰੂ ਦੀ ਸਰਨ ਪੈ ਕੇ ਇਸ ਡੂੰਘੀ ਗੱਲ ਨੂੰ ਸਮਝਦਾ ਹੈ।1। ਰਹਾਉ।

ਹੇ ਭਾਈ! (ਜਿਹੜਾ ਮਨੁੱਖ ਪਰਮਾਤਮਾ ਨੂੰ ਆਪਣੇ) ਨੇੜੇ (ਵੱਸਦਾ) ਸਮਝਦਾ ਹੈ ਉਹ (ਕਿਸੇ ਨਾਲ ਕੋਈ) ਬੁਰਾਈ ਨਹੀਂ ਕਰ ਸਕਦਾ। ਪਰ ਜਿਹੜਾ ਮਨੁੱਖ ਆਤਮਕ ਮੌਤ ਲਿਆਉਣ ਵਾਲੀ ਮਾਇਆ ਨੂੰ ਹਰ ਵੇਲੇ ਜੋੜਦਾ ਰਹਿੰਦਾ ਹੈ, ਉਹ ਮਨੁੱਖ (ਹਰੇਕ ਪਾਸੋਂ) ਸਦਾ ਡਰਦਾ ਫਿਰਦਾ ਹੈ। ਹੇ ਭਾਈ! ਪਰਮਾਤਮਾ ਹਰੇਕ ਦੇ ਨੇੜੇ ਤਾਂ ਜ਼ਰੂਰ ਵੱਸਦਾ ਹੈ, ਪਰ (ਨਿੱਤ ਮਾਇਆ ਜੋੜਨ ਵਾਲਾ ਮਨੁੱਖ) ਇਹ ਭੇਤ ਸਮਝਦਾ ਨਹੀਂ। ਗੁਰੂ ਦੀ ਸਰਨ ਪੈਣ ਤੋਂ ਬਿਨਾ ਸਾਰੀ ਲੁਕਾਈ ਮਾਇਆ ਦੇ ਮੋਹ ਵਿਚ ਫਸੀ ਰਹਿੰਦੀ ਹੈ।1।

ਹੇ ਭਾਈ! (ਉਹੀ ਮਨੁੱਖ) ਪਰਾਏ ਘਰ ਵਿਚ (ਚੋਰੀ ਦੀ ਨੀਅਤ ਨਾਲ) ਜਾਂਦਾ ਹੈ, ਜਿਹੜਾ ਪਰਮਾਤਮਾ ਨੂੰ ਆਪਣੇ ਨੇੜੇ-ਵੱਸਦਾ ਨਹੀਂ ਵੇਖਦਾ। ਉਹ ਮਨੁੱਖ ਪਰਾਇਆ ਧਨ ਚੁਰਾਂਦਾ ਹੈ, ਤੇ, ਧਨ ਨੂੰ ਨਾਸਵੰਤ ਆਖ ਆਖ ਕੇ ਭੀ ਪਰਾਇਆ ਮਾਲ ਖਾਈ ਜਾਂਦਾ ਹੈ। ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ ਭਟਕਣਾ ਵਿਚ ਪੈ ਕੇ ਮਨੁੱਖ ਕੁਰਾਹੇ ਪਿਆ ਰਹਿੰਦਾ ਹੈ, ਮਾਇਆ-ਠਗਬੂਟੀ ਉਸ ਉਤੇ ਆਪਣਾ ਪ੍ਰਭਾਵ ਪਾਈ ਰੱਖਦੀ ਹੈ, (ਇਸ ਵਾਸਤੇ ਉਹ

ਪਰਮਾਤਮਾ ਨੂੰ ਆਪਣੇ) ਨਾਲ ਵੱਸਦਾ ਨਹੀਂ ਸਮਝਦਾ।2।

ਹੇ ਭਾਈ! (ਉਹੀ ਮਨੁੱਖ) ਝੂਠ ਬੋਲਦਾ ਹੈ ਜਿਹੜਾ ਪਰਮਾਤਮਾ ਨੂੰ ਆਪਣੇ ਨਾਲ ਵੱਸਦਾ ਨਹੀਂ ਸਮਝਦਾ, ਉਹ ਮੂਰਖ ਮਾਇਆ ਦੇ ਮੋਹ ਵਿਚ ਫਸ ਕੇ (ਆਪਣੀ ਆਤਮਕ ਰਾਜ-ਪੂੰਜੀ) ਲੁਟਾਈ ਜਾਂਦਾ ਹੈ। ਪਰਮਾਤਮਾ ਦਾ ਨਾਮ-ਧਨ ਉਸ ਦੇ ਹਿਰਦੇ ਵਿਚ ਵੱਸਦਾ ਹੈ, ਪਰ ਉਹ (ਨਿਰੀ ਮਾਇਆ ਦੀ ਖ਼ਾਤਰ ਹੀ) ਬਾਹਰ ਭਟਕਦਾ ਫਿਰਦਾ ਹੈ। ਹੇ ਭਾਈ! ਗੁਰੂ ਦੀ ਸਰਨ ਤੋਂ ਬਿਨਾ (ਜਗਤ) ਭਟਕਣਾ ਦੇ ਕਾਰਨ ਕੁਰਾਹੇ ਪਿਆ ਰਹਿੰਦਾ ਹੈ।3।

ਹੇ ਦਾਸ ਨਾਨਕ! ਜਿਸ ਮਨੁੱਖ ਦੇ ਮੱਥੇ ਉਤੇ ਲਿਲਾਟ ਉਤੇ (ਪਰਮਾਤਮਾ ਦੀ) ਬਖ਼ਸ਼ਸ਼ (ਦਾ ਲੇਖ) ਲਿਖਿਆ ਉੱਘੜ ਪੈਂਦਾ ਹੈ, ਉਹ ਗੁਰੂ ਦੀ ਸਰਨ ਆ ਪੈਂਦਾ ਹੈ, ਉਸ ਦੇ ਮਨ ਵਿਚ ਕਿਵਾੜ ਖੁਲ੍ਹ ਜਾਂਦੇ ਹਨ। ਉਸ ਨੂੰ ਆਪਣੇ ਅੰਦਰ ਤੇ ਬਾਹਰ ਜਗਤ ਵਿਚ ਇਕ ਪਰਮਾਤਮਾ ਹੀ ਵੱਸਦਾ ਦਿੱਸਦਾ ਹੈ, (ਉਸ ਨੂੰ ਇਉਂ ਜਾਪਦਾ ਹੈ ਕਿ ਪਰਮਾਤਮਾ ਤੋਂ ਬਿਨਾ ਹੋਰ) ਕੋਈ ਨਾਹ ਜੰਮਦਾ ਹੈ ਨਾਹ ਮਰਦਾ ਹੈ।4।3। 16।